Vigilance Bureau Punjab

# VB nabs Assistant Engineer, Panchayat Secretary red handed for taking bribe

Chandigarh, July 31: State Vigilance Bureau today nabbed an Assistant Engineer (AE) of Panchayti Raj block Dirba and Panchayat Secretary of Sular, Sangrur red handed for accepting bribe of Rs. 50,000/-.

Disclosing this here today a spokesperson of Vigilance Bureau Punjab said Shiv Kumar, AE posted at block Dirba and Dhana Singh Panchyat Secretary of Sular in district Sangrur were caught red handed on the complaint of Sukhdev Singh of village Sular in district Sangrur.

Giving details he said the complainant has approached the VB and alleged that the AE Shiv Kumar and Panchayat Secretary Dhana Singh were demanding bribe of Rs. 1.04 lakh to issue the usage certificate (UC) regarding development grant issued to the gram panchayat.

After verifying his complaint the VB team laid a trap and the accused were caught red handed with Rs. 50,000 of first installment and tainted money was recovered from them in the presence of two official witnesses.

He informed that a case under Prevention of Corruption Act has been registered against both the accused at VB police Patiala and further investigation was under progress.

-----------

**ਵਿਜੀਲੈਂਸ ਬਿਓਰੋ ਪੰਜਾਬ**

## ਵਿਜੀਲੈਂਸ ਵਲੋਂ ਪੰਚਾਇਤੀ ਰਾਜ ਦਾ ਸਹਾਇਕ ਇੰਜੀਨੀਅਰ ਅਤੇ ਪੰਚਾਇਤ ਸਕੱਤਰ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ

ਚੰਡੀਗੜ੍ਹ 31 ਜੁਲਾਈ : ਵਿਜੀਲੈਂਸ ਬਿਓਰੋ ਪੰਜਾਬ ਵੱਲੋਂ ਪੰਚਾਇਤੀ ਰਾਜ ਬਲਾਕ ਦਿੜਬਾ ਜਿਲਾ ਸੰਗਰੂਰ ਵਿਖੇ ਤਾਇਨਾਤ ਸਹਾਇਕ ਇੰਜੀਨੀਅਰ (ਏ.ਈ) ਸ਼ਿਵ ਕੁਮਾਰ ਅਤੇ ਪੰਚਾਇਤ ਸਕੱਤਰ ਧੰਨਾ ਸਿੰਘ ਨੂੰ 50,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਏ.ਈ ਸ਼ਿਵ ਕੁਮਾਰ ਅਤੇ ਸੂਲਰ ਪਿੰਡ ਦਾ ਸਕੱਤਰ ਧੰਨਾ ਸਿੰਘ ਨੂੰ ਸ਼ਿਕਾਇਤਕਰਤਾ ਸੁਖਦੇਵ ਸਿੰਘ ਵਾਸੀ ਪਿੰਡ ਸੂਲਰ, ਜਿਲਾ ਸੰਗਰੂਰ ਦੀ ਸ਼ਿਕਾਇਤ ਉੱਤੇ ਵਿਜੀਲੈਂਸ ਬਿਓਰੋ ਵਲੋਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਓਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਉਸ ਦੀ ਪਤਨੀ ਪਿੰਡ ਸੂਲਰ ਦੀ ਸਰਪੰਚ ਹੈ ਤੇ ਸਰਕਾਰ ਵਲੋਂ ਪਿੰਡ ਦੇ ਵਿਕਾਸ ਕਾਰਜਾਂ ਲਈ 26 ਲੱਖ ਰੁਪਏ ਦੀ ਗ੍ਰਾਂਟ ਪ੍ਰਾਪਤ ਹੋਈ ਸੀ। ਇਸ ਗ੍ਰਾਂਟ ਦੀ ਵਰਤੋਂ ਕਰਨ ਉਪਰੰਤ ਬਿਲਾਂ ਦਾ ਇੰਦਰਾਜ ਦਰਜ ਕਰਨ ਅਤੇ ਵਰਤੋਂ ਸਰਟੀਫਿਕੇਟ ਜਾਰੀ ਕਰਨ ਬਦਲੇ ਉਕਤ ਏ.ਈ ਅਤੇ ਸਕੱਤਰ ਵਲੋਂ 1.04 ਲੱਖ ਰੁਪਏ ਰਿਸ਼ਵਤ ਦੀ ਮੰਗ ਕੀਤੀ ਗਈ।

ਵਿਜੀਲੈਂਸ ਵਲੋਂ ਪੜਤਾਲ ਉਪਰੰਤ ਉਕਤ ਏ.ਈ ਅਤੇ ਸਕੱਤਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਪਹਿਲੀ ਕਿਸ਼ਤ ਦੇ 50,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਦੋਹਾਂ ਖਿਲਾਫ਼ ਵਿਜੀਲੈਂਸ ਬਿਓਰੋ ਦੇ ਥਾਣਾ ਪਟਿਆਲਾ ਵਿਖੇ ਮੁੱਕਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।

-----------------